**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਜਸਬੀਰ ਸਿੰਘ, (98882-96107)
ਪਿੰਡ ਭੋਲਾਪੁਰ ਝੱਬੇਵਾਲ, ਡਾਕਖਾਨਾ ਰਾਮਗੜ੍ਹ,
ਜ਼ਿਲ੍ਹਾ ਲਧਿਆਣਾ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਸਕੱਤਰ, ਅਧੀਨ ਸੇਵਾਵਾਂ ਚੋਣ ਬੋਰਡ,
ਪੰਜਾਬ, ਮੁਹਾਲੀ।

ਪਹਿਲੀ ਅਪੀਲੀ ਅਥਾਰਟੀ-ਕਮ-
ਦਫਤਰ ਸਕੱਤਰ, ਅਧੀਨ ਸੇਵਾਵਾਂ ਚੋਣ ਬੋਰਡ,
ਪੰਜਾਬ, ਮੁਹਾਲੀ। -------ਉੱਤਰਦਾਤਾ

**ਅਪੀਲ ਕੇਸ ਨੰ:2401/2019**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਮੋਹਿਤ, ਸੀਨੀਅਰ ਸਹਾਇਕ (79862-40093)।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 09-02-2019, ਲੋਕ ਸੂਚਨਾ ਅਧਿਕਾਰੀ ਦਫਤਰ ਸਕੱਤਰ, ਅਧੀਨ ਸੇਵਾਵਾਂ ਚੋਣ ਬੋਰਡ, ਪੰਜਾਬ, ਮੁਹਾਲੀ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਸਟੇਟ ਟਰਾਂਸਪੋਰਟ ਕਮਿਸ਼ਨਰ, ਪੰਜਾਬ ਵੱਲੋਂ ਅਧੀਨ ਸੇਵਾਵਾਂ ਚੋਣ ਬੋਰਡ, ਪੰਜਾਬ ਨੂੰ ਭੇਜੇ ਗਏ ਪੱਤਰ ਨੰ: ਸਟਕ ਅ(ਸ-3)/116716, ਮਿਤੀ 11-10-2018 ਤੇ ਕੀਤੀ ਗਈ ਕਾਰਵਾਈ ਨਾਲ ਸਬੰਧਤ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 13-05-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 04-07-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 20-08-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 11-09-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ ਪਰੰਤੂ ਉਸ ਵਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਈ.ਮੇਲ ਰਾਹੀਂ ਭੇਜੇ ਗਏ ਪੱਤਰ ਮਿਤੀ 10-09-2019 ਰਾਹੀਂ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਇਹ ਵੀ ਦੱਸਿਆ ਗਿਆ ਹੈ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਉਸ ਵੱਲੋਂ ਪੇਸ਼ੀ ਲਈ ਅਗਲੀ ਮਿਤੀ ਦੀ ਮੰਗ ਕੀਤੀ ਗਈ ਹੈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਮੋਹਿਤ, ਸੀਨੀਅਰ ਸਹਾਇਕ ਨੇ ਪੱਤਰ ਨੰ: 1/66/2013-6ਅ(ਅਸਚਬ)/1605-1606, ਮਿਤੀ 06-09-2019 ਜੋ ਕਿ ਅਪੀਲਕਰਤਾ ਨੂੰ ਸੰਬੋਧਿਤ ਹੈ, ਦੀ ਕਾਪੀ ਪੇਸ਼ ਕਰਦੇ ਹੋਏ ਕਿਹਾ ਕਿ ਅਪੀਲਕਰਤਾ ਵੱਲੋਂ ਮੰਗੀ ਗਈ ਸੂਚਨਾ ਨਾਲ ਸਬੰਧਤ ਮਾਮਲਾ ਮਾਣਯੋਗ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਵਿਖੇ ਵਿਚਾਰ-ਅਧੀਨ ਹੈ ਜਿਸ ਕਾਰਨ ਅਪੀਲਕਰਤਾ ਨੂੰ ਸੂਚਨਾ ਮੁਹੱਈਆ ਨਹੀਂ ਕਰਵਾਈ ਜਾ ਸਕਦੀ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।

4. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਪੇਸ਼ ਕੀਤੇ ਗਏ ਜਵਾਬ ਨੂੰ ਕਮਿਸ਼ਨ ਵੱਲੋਂ ਘੋਖਣ ਉਪਰੰਤ ਤਸੱਲੀਬਖਸ਼ ਪਾਇਆ ਗਿਆ ਹੈ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਕਮਿਸ਼ਨ ਨੂੰ ਪੇਸ਼ ਕੀਤੇ ਗਏ ਜਵਾਬ ਦੀ ਕਾਪੀ ਰਜਿਸਟਰਡ ਡਾਕ ਰਾਹੀਂ ਅਪੀਲਕਰਤਾ ਨੂੰ ਭੇਜ਼ ਕੇ ਰਜਿਸਟਰੀ ਦੀ ਰਸੀਦ ਕਮਿਸ਼ਨ ਨੂੰ ਭੇਜੀ ਜਾਵੇ। ਇਸ ਹਦਾਇਤ ਦੇ ਨਾਲ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ, 11 ਸਤੰਬਰ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਅੰਗਰੇਜ਼ ਸਿੰਘ, (84377-90966)
ਪੁੱਤਰ ਲੇਟ ਸ਼੍ਰੀ ਮਨਜੀਤ ਸਿੰਘ,
ਪਿੰਡ ਹਰੀਪੁਰ, ਡਾਕਖਾਨਾ ਤੇ ਤਹਿਸੀਲ, ਅਮਲੋਹ,
ਜ਼ਿਲ੍ਹਾ ਫਤਿਹਗੜ੍ਹ ਸਾਹਿਬ-147203. ------ ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਡੀਨ ਰਿਸਰਚ,
ਪੰਜਾਬੀ ਯੂਨੀਵਰਸਿਟੀ, ਪਟਿਆਲਾ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਡੀਨ ਅਕੈਡਮਿਕ ਅਫੇਅਰਜ਼,
ਪੰਜਾਬੀ ਯੂਨੀਵਰਸਿਟੀ, ਪਟਿਆਲਾ। ------ਉੱਤਰਦਾਤਾ

**ਅਪੀਲ ਕੇਸ ਨੰ: 2433/2019**

**ਹਾਜ਼ਰ:-** 1) ਅਪੀਲਕਰਤਾ ਵੱਲੋਂ ਸ਼੍ਰੀ ਏ.ਐਸ.ਹੁੰਦਲ (84377-90966)।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਵਿਕਰਾਂਤ ਸ਼ਰਮਾ, ਐਡਵੋਕੇਟ (98141-05515)।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇੱਕ ਬਿਨੈ ਪੱਤਰ ਮਿਤੀ 08-02-2019 ਨੂੰ ਲੋਕ ਸੂਚਨਾ ਅਧਿਕਾਰੀ, ਦਫਤਰ ਪੰਜਾਬੀ ਯੂਨੀਵਰਸਟੀ ,ਪਟਿਆਲਾ ਨੂੰ ਪੇਸ਼ ਕੀਤਾ ਗਿਆ ਸੀ ਜਿਸ ਰਾਹੀਂ ਉਸ ਵੱਲੋਂ ਆਪਣੀ ਪਤਨੀ, ਸ਼੍ਰੀਮਤੀ ਮਨਦੀਪ ਕੌਰ, ਵੱਲੋਂ ਐਨਰੋਲਮੈਂਟ ਨੰ:ਜੇ.ਐਨ(ਐਮ.ਜੀ)123/ਸਾਲ-2000 ਤਹਿਤ ਪੰਜਾਬੀ ਯੂਨੀਵਰਸਿਟੀ ਵਿਖੇ ਬੀ.ਏ. ਤੋਂ ਅੱਗੇ ਕੀਤੀ ਗਈ ਪੜ੍ਹਾਈ ਨਾਲ ਸਬੰਧਤ 02 ਨੁਕਤਿਆਂ ਬਾਰੇ ਸੂਚਨਾ ਮੰਗੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 23-03-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਪਹਿਲੀ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਮਿਤੀ 05-07-2019 ਨੂੰ ਅਪੀਲਕਰਤਾ ਨੇ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 20-08-2019 ਨੂੰ ਨੋਟਿਸ ਜਾਰੀ ਕਰ ਕੇ ਇਹ ਕੇਸ ਪਹਿਲੀ ਸੁਣਵਾਈ, ਮਿਤੀ 11-09-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵਾਂ ਧਿਰਾਂ ਨੂੰ ਸੁਣਿਆ ਗਿਆ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਵਿਕਰਾਂਤ ਸ਼ਰਮਾ, ਐਡਵੋਕੇਟ ਨੇ ਕਿਹਾ ਕਿ ਅਪੀਲਕਰਤਾ ਨੂੰ ਪਹਿਲਾਂ ਹੀ ਰਜਿਸਟਰਡ ਡਾਕ ਰਾਹੀਂ ਨੁਕਤਾਵਾਰ ਸੂਚਨਾ ਭੇਜੀ ਜਾ ਚੁੱਕੀ ਹੈ। ਉਨ੍ਹਾਂ ਵੱਲੋਂ ਇਸ ਬਾਰੇ ਆਪਣੇ ਪੱਤਰ ਨੰ:6701/ਐਸ-7/191-19/ਆਰ.ਟੀ.ਆਈ. ਸੈੱਲ, ਮਿਤੀ 05-09-2019 ਰਾਹੀਂ ਵਿਸਥਾਰ-ਪੂਰਵਕ ਜਵਾਬ ਵੀ ਕਮਿਸ਼ਨ ਨੂੰ ਭੇਜਿਆ ਹੋਇਆ ਹੈ ਜਿਸ ਅਨੁਸਾਰ ਉਨ੍ਹਾਂ ਵੱਲੋਂ ਪੱਤਰ ਨੰ:2676/ਐਸ-7/191 -19/ਆਰ.ਟੀ.ਆਈ. ਸੈੱਲ, ਮਿਤੀ 04-04-2019 ਰਾਹੀਂ ਰਜਿਸਟਰਡ ਡਾਕ ਰਾਹੀਂ ਨੁਕਤਾਵਾਰ ਸੂਚਨਾ ਅਪੀਲਕਰਤਾ ਨੂੰ ਭੇਜੀ ਜਾ ਚੁੱਕੀ ਹੈ। ਅਪੀਲਕਰਤਾ ਵੱਲੋਂ ਹਾਜ਼ਰ, ਸ਼੍ਰੀ ਏ.ਐਸ.ਹੁੰਦਲ ਨੇ ਕਿਹਾ ਕਿ ਉਹ ਪ੍ਰਾਪਤ ਸੂਚਨਾ ਤੋਂ ਸੰਤੁਸ਼ਟ ਨਹੀਂ ਹੈ ਕਿਉਂਕਿ ਉਸ ਨੂੰ ਅਜੇ ਤੱਕ ਮੁਕੰਮਲ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਉਸ ਨੇ ਸੂਚਨਾ ਮੁਹੱਈਆ ਕਰਾਉਣ ਲਈ ਬੇਨਤੀ ਕੀਤੀ ਹੈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਅਪੀਲਕਰਤਾ ਨੂੰ ਸੂਚਨਾ ਭੇਜੀ ਜਾ ਚੁੱਕੀ ਹੈ ਜਿਸ ਨੂੰ ਕਮਿਸ਼ਨ ਵੱਲੋਂ ਘੋਖਣ ਉਪਰੰਤ ਤਸੱਲੀਬਖ਼ਸ਼ ਪਾਇਆ ਗਿਆ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ, 11 ਸਤੰਬਰ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਅਮਨਦੀਪ ਸਿੰਘ,
ਪੁੱਤਰ ਸ਼੍ਰੀ ਸੁਰਿੰਦਰ ਸਿੰਘ,
ਮਕਾਨ ਨੰ:426/2, ਘੇਰ ਸੋਢੀਆਂ,
ਪਟਿਆਲਾ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਸਕੱਤਰ, ਅਧੀਨ ਸੇਵਾਵਾਂ ਚੋਣ ਬੋਰਡ,
ਪੰਜਾਬ, ਮੁਹਾਲੀ।

ਪਹਿਲੀ ਅਪੀਲੀ ਅਥਾਰਟੀ-ਕਮ-
ਦਫਤਰ ਸਕੱਤਰ, ਅਧੀਨ ਸੇਵਾਵਾਂ ਚੋਣ ਬੋਰਡ,
ਪੰਜਾਬ, ਮੁਹਾਲੀ। -------ਉੱਤਰਦਾਤਾ

**ਅਪੀਲ ਕੇਸ ਨੰ:2442/2019**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਮੋਹਿਤ, ਸੀਨੀਅਰ ਸਹਾਇਕ (79862-40093)।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 31-12-2018, ਲੋਕ ਸੂਚਨਾ ਅਧਿਕਾਰੀ ਦਫਤਰ ਸਕੱਤਰ, ਅਧੀਨ ਸੇਵਾਵਾਂ ਚੋਣ ਬੋਰਡ, ਪੰਜਾਬ, ਮੁਹਾਲੀ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਕਲੈਰੀਕਲ ਭਰਤੀ 2011 ਲਈ ਮੈਰਿਟ ਲਿਸਟ ਜਿਸ ਅਨੁਸਾਰ 2014 ਵਿੱਚ ਅੰਤਿਮ ਭਰਤੀ ਕੀਤੀ ਗਈ ਸੀ, ਨਾਲ ਸਬੰਧਤ 05 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 11-04-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 08-07-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 20-08-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 11-09-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਮੋਹਿਤ, ਸੀਨੀਅਰ ਸਹਾਇਕ ਨੇ ਪੱਤਰ ਨੰ: 1/66/2013-6ਅ(ਅਸਚਬ)/1607-1608, ਮਿਤੀ 06-09-2019 ਜ਼ੋ ਕਿ ਅਪੀਲਕਰਤਾ ਨੂੰ ਸੰਬੋਧਿਤ ਹੈ, ਦੀ ਕਾਪੀ ਪੇਸ਼ ਕਰਦੇ ਹੋਏ ਕਿਹਾ ਕਿ ਅਪੀਲਕਰਤਾ ਵੱਲੋਂ ਮੰਗੀ ਗਈ ਸੂਚਨਾ ਨਾਲ ਸਬੰਧਤ ਮਾਮਲਾ ਮਾਣਯੋਗ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਵਿਖੇ ਵਿਚਾਰ-ਅਧੀਨ ਹੈ ਜਿਸ ਕਾਰਨ ਅਪੀਲਕਰਤਾ ਨੂੰ ਸੂਚਨਾ ਮੁਹੱਈਆ ਨਹੀਂ ਕਰਵਾਈ ਜਾ ਸਕਦੀ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।

3. ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ ਪਰੰਤੂ ਉਸ ਵਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਈ.ਮੇਲ ਮਿਤੀ 11-09-2019 ਰਾਹੀਂ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਇਸ ਕੇਸ ਦੀ ਪੈਰਵਾਈ ਵਾਸਤੇ ਪੇਸ਼ੀ ਲਈ ਅਗਲੀ ਮਿਤੀ ਦੀ ਮੰਗ ਕੀਤੀ ਗਈ ਹੈ।

4. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਅਪੀਲਕਰਤਾ ਨੂੰ ਸੂਚਨਾ ਭੇਜੀ ਜਾ ਚੁੱਕੀ ਹੈ। ਅਪੀਲਕਰਤਾ ਨੂੰ ਆਪਣਾ ਪੱਖ ਪੇਸ਼ ਕਰਨ ਦਾ ਮੌਕਾ ਦਿੱਤਾ ਜਾਂਦਾ ਹੈ। ਇਸ ਲਈ ਇਹ ਕੇਸ **ਅਗਲੀ ਸੁਣਵਾਈ ਮਿਤੀ 09-10-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ,11 ਸਤੰਬਰ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ੍ਰੀ ਅਮਨਦੀਪ ਸਿੰਘ,
ਪੁੱਤਰ ਸ੍ਰੀ ਸੁਰਿੰਦਰ ਸਿੰਘ,
ਮਕਾਨ ਨੰ:426/2, ਘੇਰ ਸੋਢੀਆਂ,
ਪਟਿਆਲਾ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਸਕੱਤਰ, ਅਧੀਨ ਸੇਵਾਵਾਂ ਚੋਣ ਬੋਰਡ,
ਪੰਜਾਬ, ਮੁਹਾਲੀ।

ਪਹਿਲੀ ਅਪੀਲੀ ਅਥਾਰਟੀ-ਕਮ-
ਦਫਤਰ ਸਕੱਤਰ, ਅਧੀਨ ਸੇਵਾਵਾਂ ਚੋਣ ਬੋਰਡ,
ਪੰਜਾਬ, ਮੁਹਾਲੀ। -------ਉੱਤਰਦਾਤਾ

**ਅਪੀਲ ਕੇਸ ਨੰ:2443/2019**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਮੋਹਿਤ, ਸੀਨੀਅਰ ਸਹਾਇਕ (79862-40093)।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 23-01-2019, ਲੋਕ ਸੂਚਨਾ ਅਧਿਕਾਰੀ ਦਫਤਰ ਸਕੱਤਰ, ਅਧੀਨ ਸੇਵਾਵਾਂ ਚੋਣ ਬੋਰਡ, ਪੰਜਾਬ, ਮੁਹਾਲੀ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਸਾਲ 2013 ਵਿੱਚ ਕਲਰਕਾਂ ਨੂੰ ਵਿਭਾਗ/ਸਟੇਸ਼ਨ ਅਲਾਟ ਕਰਨ ਵਾਲੀ ਸੂਚੀ ਨਾਲ ਸਬੰਧਤ 05 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 11-04-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 08-07-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 20-08-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 11-09-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਮੋਹਿਤ, ਸੀਨੀਅਰ ਸਹਾਇਕ ਨੇ ਪੱਤਰ ਨੰ: 1/66/2013-6ਅ(ਅਸਚਬ)/1607-1608, ਮਿਤੀ 06-09-2019 ਜੋ ਕਿ ਅਪੀਲਕਰਤਾ ਨੂੰ ਸੰਬੋਧਿਤ ਹੈ, ਦੀ ਕਾਪੀ ਪੇਸ਼ ਕਰਦੇ ਹੋਏ ਕਿਹਾ ਕਿ ਅਪੀਲਕਰਤਾ ਵੱਲੋਂ ਮੰਗੀ ਗਈ ਸੂਚਨਾ ਨਾਲ ਸਬੰਧਤ ਮਾਮਲਾ ਮਾਣਯੋਗ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਵਿਖੇ ਵਿਚਾਰ-ਅਧੀਨ ਹੈ ਜਿਸ ਕਾਰਨ ਅਪੀਲਕਰਤਾ ਨੂੰ ਸੂਚਨਾ ਮੁਹੱਈਆ ਨਹੀਂ ਕਰਵਾਈ ਜਾ ਸਕਦੀ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।

3. ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ ਪਰੰਤੂ ਉਸ ਵਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਈ.ਮੇਲ ਮਿਤੀ 11-09-2019 ਰਾਹੀਂ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਇਸ ਕੇਸ ਦੀ ਪੈਰਵਾਈ ਵਾਸਤੇ ਪੇਸ਼ੀ ਲਈ ਅਗਲੀ ਮਿਤੀ ਦੀ ਮੰਗ ਕੀਤੀ ਗਈ ਹੈ।

4. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਅਪੀਲਕਰਤਾ ਨੂੰ ਸੂਚਨਾ ਭੇਜੀ ਜਾ ਚੁੱਕੀ ਹੈ। ਅਪੀਲਕਰਤਾ ਨੂੰ ਆਪਣਾ ਪੱਖ ਪੇਸ਼ ਕਰਨ ਦਾ ਮੌਕਾ ਦਿੱਤਾ ਜਾਂਦਾ ਹੈ। ਇਸ ਲਈ ਇਹ ਕੇਸ **ਅਗਲੀ ਸੁਣਵਾਈ ਮਿਤੀ 09-10-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ,11 ਸਤੰਬਰ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਸ਼ਵੈਤਾ ਅਰੋੜਾ,
ਡਿਪਟੀ ਰਜਿਸਟਰਾਰ,
ਸੈਂਟਰਲ ਯੂਨੀਵਰਸਿਟੀ ਆਫ ਪੰਜਾਬ,
ਮਾਨਸਾ ਰੋਡ, ਬੰਠਿਡਾ। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਰਜਿਸਟਰਾਰ,
ਬਾਬਾ ਫਰੀਦ ਯੂਨੀਵਰਸਿਟੀ ਆਫ
ਹੈਲਥ ਸਾਇੰਸਿਜ਼, ਫਰੀਦਕੋਟ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਰਜਿਸਟਰਾਰ,
ਬਾਬਾ ਫਰੀਦ ਯੂਨੀਵਰਸਿਟੀ ਆਫ
ਹੈਲਥ ਸਾਇੰਸਿਜ਼, ਫਰੀਦਕੋਟ। -------ਉੱਤਰਦਾਤਾ

**ਅਪੀਲ ਕੇਸ ਨੰ:2457/2019**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਸ਼੍ਰੀ ਵਰੁਣ ਬਾਂਸਲ, ਆਰ.ਟੀ.ਆਈ. ਕੌਂਸਲਰ (70091-42020) ।
2) ਉੱਤਰਦਾਤਾ ਵੱਲੋਂ ਕੋਈ ਵੀ ਨਹੀਂ।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 05-03-2019, ਲੋਕ ਸੂਚਨਾ ਅਧਿਕਾਰੀ ਦਫਤਰ ਰਜਿਸਟਰਾਰ, ਬਾਬਾ ਫਰੀਦ ਯੂਨੀਵਰਸਿਟੀ ਆਫ ਹੈਲਥ ਸਾਇੰਸਿਜ਼, ਫਰੀਦਕੋਟ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਮਿਤੀ 01-01-2016 ਤੋਂ 28-02-2019 ਤੱਕ ਆਪਣੇ ਨਾਲ ਸਬੰਧਤ ਲੋਕ ਸੂਚਨਾ ਅਧਿਕਾਰੀ ਦਫਤਰ ਰਜਿਸਟਰਾਰ, ਬਾਬਾ ਫਰੀਦ ਯੂਨੀਵਰਸਿਟੀ ਆਫ ਹੈਲਥ ਸਾਇੰਸਿਜ਼, ਫਰੀਦਕੋਟ ਕੋਲ ਦਾਇਰ ਕੀਤੀਆਂ ਗਈਆਂ ਆਰ.ਟੀ.ਆਈ. ਅਰਜ਼ੀਆਂ ਅਤੇ ਹੋਰ ਦਫ਼ਤਰੀ ਰਿਕਾਰਡ ਆਦਿ ਨਾਲ ਸਬੰਧਤ 04 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 04-06-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 09-07-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 20-08-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 11-09-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅਪੀਲਕਰਤਾ ਵੱਲੋਂ ਹਾਜ਼ਰ ਸ਼੍ਰੀ ਵਰੁਣ ਬਾਂਸਲ, ਆਰ.ਟੀ.ਆਈ. ਕੌਂਸਲਰ ਨੇ ਕਿਹਾ ਕਿ ਉਸ ਨੂੰ ਉੱਤਰਦਾਤਾ ਕੋਲੋਂ ਸੂਚਨਾ ਤਾਂ ਪ੍ਰਾਪਤ ਹੋਈ ਹੈ ਪਰੰਤੂ ਨੁਕਤਾ ਨੰ:1 ਬਾਰੇ ਸੂਚਨਾ ਨਹੀਂ ਦਿੱਤੀ ਗਈ।ਇਸ ਲਈ ਉਸ ਨੇ ਮੁਕੰਮਲ ਸੂਚਨਾ ਮੁਹੱਈਆ ਕਰਾਉਣ ਲਈ ਬੇਨਤੀ ਕੀਤੀ ਹੈ।

3. ਉੱਤਰਦਾਤਾ ਵੱਲੋਂ ਅੱਜ ਕੋਈ ਵੀ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਨ੍ਹਾਂ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ।

4. ਅਪੀਲਕਰਤਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਜੇਕਰ ਉਸ ਨੂੰ ਪ੍ਰਾਪਤ ਹੋਈ ਸੂਚਨਾ ਵਿੱਚ ਕੋਈ ਤਰੁੱਟੀਆਂ ਪਾਈਆਂ ਜਾਣ ਤਾਂ ਉਨ੍ਹਾਂ ਬਾਰੇ ਲਿਖਤੀ ਰੂਪ ਵਿੱਚ ਸਿੱਧੇ ਤੌਰ ਤੇ ਲੋਕ ਸੂਚਨਾ ਅਧਿਕਾਰੀ ਨੂੰ ਸੂਚਿਤ ਕੀਤਾ ਜਾਵੇ ਤਾਂ ਜ਼ੋ ਉਨ੍ਹਾਂ ਦੀ ਪੂਰਤੀ ਕੀਤੀ ਜਾ ਸਕੇ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਵੱਲੋਂ ਸੂਚਨਾ ਵਿੱਚ ਦੱਸੀਆਂ ਗਈਆਂ ਤਰੁੱਟੀਆਂ ਨੂੰ ਦੂਰ ਕਰਨ ਉਪਰੰਤ ਆਰ.ਟੀ.ਆਈ. ਐਕਟ, 2005, ਤਹਿਤ ਬਣਦੀ ਸੂਚਨਾ ਪੇਸ਼ੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਮੁਹੱਈਆ ਕਰਵਾ ਕੇ ਪੇਸ਼ੀ ਤੇ ਹਾਜ਼ਰੀ ਯਕੀਨੀ ਬਣਾਈ ਜਾਵੇ। ਇਸ

ਪਰਤੋ ਜੀ---ਚਲਦਾ ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ:**2457/2019

ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ** 09-10-2019 **ਨੂੰ ਸਵੇਰੇ** 11-30 **ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ,** 11 **ਸਤੰਬਰ,** 2019. **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਨੋਟ:-** ਸ਼੍ਰੀ ਸਰਵਜੀਤ ਸਿੰਘ, ਕਲਰਕ ਮਾਰਫ਼ਤ ਸ਼੍ਰੀਮਤੀ ਨਿਹਾਰਕਾ ਗੁਪਤਾ, ਐਡਵੋਕੇਟ, ਅਦਾਲਤ ਦੀ ਕਾਰਵਾਈ ਖਤਮ ਹੋਣ ਉਪਰੰਤ ਹਾਜ਼ਰ ਹੋਇਆ ਜਿਸ ਨੂੰ ਅਦਾਲਤ ਦੀ ਕਾਰਵਾਈ ਤੋਂ ਜਾਣੂ ਕਰਵਾ ਦਿੱਤਾ ਗਿਆ ਹੈ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਇਕਬਾਲ ਸਿੰਘ ਓਬਰਾਏ, (9818421662)
ਏ-157, ਫਤਿਹ ਨਗਰ,
ਨਵੀਂ ਦਿੱਲੀ-110018. -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਵਿਜੀਲੈਂਸ ਬਿਊਰੋ, ਪੰਜਾਬ, ਮੁਹਾਲੀ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਵਿਜੀਲੈਂਸ ਬਿਊਰੋ, ਪੰਜਾਬ, ਮੁਹਾਲੀ। ------ਉੱਤਰਦਾਤਾ

**ਅਪੀਲ ਕੇਸ ਨੰ: 2466/2019**

**ਹਾਜ਼ਰ:-** 1) ਸ਼੍ਰੀ ਇਕਬਾਲ ਸਿੰਘ ਓਬਰਾਏ, ਅਪੀਲਕਰਤਾ ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਰਾਜੇਸ਼ ਕੁਮਾਰ, ਐਸ.ਆਈ. (98888-05958), ਸ਼੍ਰੀ ਸੈਮੁਅਲ ਮਸੀਹ, ਸੀਨੀਅਰ ਸਹਾਇਕ (99880-14245) ਦਫ਼ਤਰ ਰਜਿਸਟਰਾਰ, ਸਹਿਕਾਰੀ ਸਭਾਵਾਂ, ਪੰਜਾਬ, ਚੰਡੀਗੜ੍ਹ ਅਤੇ ਸ਼੍ਰੀ ਪਰਮਜੀਤ ਸਿੰਘ, ਦਫਤਰ ਡਿਪਟੀ ਰਜਿਸਟਰਾਰ, ਸਹਿਕਾਰੀ ਸਭਾਵਾਂ, ਮੁਹਾਲੀ।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇੱਕ ਬਿਨੈ ਪੱਤਰ ਮਿਤੀ 30-01-2019 ਨੂੰ ਲੋਕ ਸੂਚਨਾ ਅਧਿਕਾਰੀ, ਦਫਤਰ ਵਿਜੀਲੈਂਸ ਬਿਊਰੋ, ਪੰਜਾਬ, ਮੁਹਾਲੀ, ਨੂੰ ਪੇਸ਼ ਕੀਤਾ ਗਿਆ ਸੀ ਜਿਸ ਰਾਹੀਂ ਉਸ ਨੇ ਸ਼੍ਰੀ ਅਮਰੀਕ ਸਿੰਘ, ਸਹਾਇਕ ਰਜਿਸਟਰਾਰ, ਵਿਰੁੱਧ ਕੀਤੀ ਗਈ ਸ਼ਿਕਾਇਤ, ਮਿਤੀ 22-10-2018 ਨਾਲ ਸਬੰਧਤ 03 ਨੁਕਤਿਆਂ ਬਾਰੇ ਸੂਚਨਾ ਮੰਗੀ ਸੀ। ਡਾਇਰੈਕਟਰ, ਵਿਜੀਲੈਂਸ ਬਿਊਰੋ, ਪੰਜਾਬ ਵੱਲੋਂ ਅਪੀਕਰਤਾ ਦਾ ਬਿਨੈ-ਪੱਤਰ ਮੂਲ ਰੂਪ ਵਿੱਚ ਮਿਤੀ 15-01-2019 ਨੂੰ ਵਿੱਤੀ ਕਮਿਸ਼ਨਰ, ਪੰਜਾਬ ਸਰਕਾਰ, ਸਹਿਕਾਰਤਾ ਵਿਭਾਗ, ਚੰਡੀਗੜ੍ਹ ਨੂੰ ਯੋਗ ਕਾਰਵਾਈਹਿੱਤ ਭੇਜ ਦਿੱਤਾ ਗਿਆ ਸੀ। ਸਬੰਧਤ ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 19-04-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਪਹਿਲੀ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਮਿਤੀ 09-07-2019 ਨੂੰ ਅਪੀਲਕਰਤਾ ਨੇ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 20-08-2019 ਨੂੰ ਨੋਟਿਸ ਜਾਰੀ ਕਰ ਕੇ ਇਹ ਕੇਸ ਪਹਿਲੀ ਸੁਣਵਾਈ, ਮਿਤੀ 11-09-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵਾਂ ਧਿਰਾਂ ਨੂੰ ਸੁਣਿਆ ਗਿਆ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਰਾਜੇਸ਼ ਕੁਮਾਰ, ਐਸ.ਆਈ. ਨੇ ਕਿਹਾ ਕਿ ਅਪੀਲਕਰਤਾ ਨੂੰ ਪਹਿਲਾਂ ਹੀ ਰਜਿਸਟਰਡ ਡਾਕ ਰਾਹੀਂ ਸੂਚਨਾ ਭੇਜੀ ਜਾ ਚੁੱਕੀ ਹੈ। ਉਨ੍ਹਾਂ ਵੱਲੋਂ ਇਸ ਬਾਰੇ ਆਪਣੇ ਪੱਤਰ ਨੰ:41258/ਵਬ/ਐਸ-14, ਮਿਤੀ 03-09-2019 ਜਿਸ ਦਾ ਇੱਕ ਉਤਾਰਾ ਅਪੀਲਕਰਤਾ ਨੂੰ ਵੀ ਭੇਜਿਆ ਹੋਇਆ ਹੈ, ਰਾਹੀਂ ਵਿਸਥਾਰ-ਪੂਰਵਕ ਵੇਰਵਾ ਦਿੰਦੇ ਹੋਏ ਕਮਿਸ਼ਨ ਨੂੰ ਵੀ ਸੂਚਿਤ ਕੀਤਾ ਹੋਇਆ ਹੈ। ਸ਼੍ਰੀ ਪਰਮਜੀਤ ਸਿੰਘ, ਦਫ਼ਤਰ ਡਿਪਟੀ ਰਜਿਸਟਰਾਰ, ਸਹਿਕਾਰੀ ਸਭਾਵਾਂ, ਮੁਹਾਲੀ ਨੇ ਪੱਤਰ ਨੰ:ਸਟੈਨੋ/ਓ.ਰ.ਮ./2236, ਮਿਤੀ 21-08-2019 ਦੀ ਦਫ਼ਤਰੀ ਕਾਪੀ ਪੇਸ਼ ਕਰਦੇ ਹੋਏ ਕਿਹਾ ਕਿ ਅਪੀਲਕਰਤਾ ਨੂੰ ਰਜਿਸਟਰਡ ਡਾਕ ਰਾਹੀ ਪਹਿਲਾਂ ਹਹੀ ਸੂਚਨਾ ਭੇਜੀ ਜਾ ਚੁੱਕੀ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ। ਅਪੀਲਕਰਤਾ ਨੇ ਕਿਹਾ ਕਿ ਉਹ ਪ੍ਰਾਪਤ ਸੂਚਨਾ ਤੋਂ ਸੰਤੁਸ਼ਟ ਨਹੀਂ ਹੈ ਕਿਉਂਕਿ ਉਸ ਨੂੰ ਅਜੇ ਤੱਕ ਮੁਕੰਮਲ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਉਸ ਨੇ ਸੂਚਨਾ ਮੁਹੱਈਆ ਕਰਾਉਣ ਲਈ ਬੇਨਤੀ ਕੀਤੀ ਹੈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਅਪੀਲਕਰਤਾ ਨੂੰ ਸੂਚਨਾ ਭੇਜੀ ਜਾ ਚੁੱਕੀ ਹੈ ਜਿਸ ਨੂੰ ਕਮਿਸ਼ਨ ਵੱਲੋਂ ਘੋਖਣ ਉਪਰੰਤ ਤਸੱਲੀਬਖ਼ਸ ਪਾਇਆ ਗਿਆ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ,** 11 **ਸਤੰਬਰ,** 2019. **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਤੇਜਿੰਦਰ ਸਿੰਘ, (99410-04313)
ਵਾਸੀ ਭੋਲਾਪੁਰ, ਡਾਕਖਾਨਾ ਰਾਮਗੜ੍ਹ,
ਚੰਡੀਗੜ੍ਹ ਰੋਡ, ਲੁਧਿਆਣਾ-141123. ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਬਲਾਕ ਵਿਕਾਸ ਤੇ ਪੰਚਾਇਤ ਅਫਸਰ,
ਗੁਰੂਸਰ ਸੁਧਾਰ, ਜ਼ਿਲ੍ਹਾ ਲੁਧਿਆਣਾ।

ਪਹਿਲੀ ਅਪੀਲੀ ਅਥਾਰਟੀ-ਕਮ-
ਜ਼ਿਲ੍ਹਾ ਵਿਕਾਸ ਤੇ ਪੰਚਾਇਤ ਅਫਸਰ,
ਲੁਧਿਆਣਾ। ------ਉੱਤਰਦਾਤਾ

**ਅਪੀਲ ਕੇਸ ਨੰ:1819/2019**

**ਹਾਜ਼ਰ:-**

1) ਸ਼੍ਰੀ ਤੇਜਿੰਦਰ ਸਿੰਘ, ਅਪੀਲਕਰਤਾ।
2) ਉੱਤਰਦਾਤਾ ਵੱਲੋਂ ਕੋਈ ਵੀ ਨਹੀਂ।

**ਹਕਮ:**

ਪਿਛਲੀ ਪੇਸ਼ੀ, ਮਿਤੀ 19-08-2019 ਤੇ ਪੇਸ਼ੀ ਤੇ ਹਾਜ਼ਰ ਅਪੀਲਕਰਤਾ ਨੇ ਕਿਹਾ ਸੀ ਕਿ ਉਸ ਨੂੰ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਉਸ ਨੇ ਸੂਚਨਾ ਮੁਹੱਈਆ ਕਰਾਉਣ ਲਈ ਬੇਨਤੀ ਕੀਤੀ ਸੀ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀਮਤੀ ਪ੍ਰਭਜੋਤ ਕੌਰ, ਸਹਾਇਕ ਪ੍ਰੋਗਰਾਮ ਅਫਸਰ ਨੇ ਅਪੀਲਕਰਤਾ ਦੇ ਪੇਸ਼ੀ ਭੁਗਤ ਕੇ ਜਾਣ ਤੋਂ ਬਾਅਦ ਹਾਜ਼ਰ ਹੋ ਕੇ ਦੱਸਿਆ ਸੀ ਕਿ ਉਸ ਦੀ ਇਸ ਸੀਟ ਤੇ ਹੁਣੇ ਤੈਨਾਤੀ ਹੋਈ ਸੀ ਅਤੇ ਅਪੀਲਕਰਤਾ ਨੂੰ ਸੂਚਨਾ ਜਲਦੀ ਮੁਹੱਈਆ ਕਰਾਉਣ ਦਾ ਭਰੋਸਾ ਦਿੱਤਾ ਸੀ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਗਈ ਸੀ ਕਿ ਅਪੀਲਕਰਤਾ ਦੀ ਆਰ.ਟੀ.ਆਈ. ਆਰਜ਼ੀ ਮੁਤਾਬਿਕ ਆਰ.ਟੀ.ਆਈ. ਐਕਟ, 2005 ਤਹਿਤ ਬਣਦੀ ਸੂਚਨਾ ਅਪੀਲਕਰਤਾ ਨੂੰ ਅਗਲੀ ਪੇਸ਼ੀ ਤੋਂ ਪਹਿਲਾਂ-ਪਹਿਲਾਂ ਮੁਹੱਈਆ ਕਰਵਾ ਪੇਸ਼ੀ ਤੇ ਹਾਜ਼ਰੀ ਵੀ ਯਕੀਨੀ ਬਣਾਈ ਜਾਵੇ। ਇਸ ਹਦਾਇਤ ਦੇ ਨਾਲ ਇਹ ਕੇਸ ਅਗਲੀ ਸੁਣਵਾਈ ਮਿਤੀ 11-09-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਫਿਰ ਪੇਸ਼ੀ ਤੇ ਹਾਜ਼ਰ ਅਪੀਲਕਰਤਾ ਨੇ ਕਿਹਾ ਹੈ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਉਸ ਨੇ ਸੂਚਨਾ ਮੁਹੱਈਆ ਕਰਾਉਣ ਉੱਤਰਦਾਤਾ( ਲੋਕ ਸੂਚਨਾ ਅਧਿਕਾਰੀ) ਵਿਰੁੱਧ ਕਾਰਵਾਈ ਕਰਨ ਲਈ ਬੇਨਤੀ ਕੀਤੀ ਹੈ।

3. ਉੱਤਰਦਾਤਾ ਵੱਲੋਂ ਅੱਜ ਕੋਈ ਵੀ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਵਿਸ਼ੇਸ਼ ਚਿਤਾਵਨੀ ਦਿੰਦੇ ਹੋਏ ਮੁੜ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਦੀ ਆਰ.ਟੀ.ਆਈ. ਆਰਜ਼ੀ ਮੁਤਾਬਿਕ ਆਰ.ਟੀ.ਆਈ. ਐਕਟ, 2005 ਤਹਿਤ ਬਣਦੀ ਸੂਚਨਾ 10 ਦਿਨਾਂ ਦੇ ਅੰਦਰ-ਅੰਦਰ ਅਪੀਲਕਰਤਾ ਨੂੰ ਮੁਹੱਈਆ ਕਰਵਾ ਕੇ ਅਗਲੀ ਪੇਸ਼ੀ ਤੇ ਹਾਜ਼ਰ ਹੋ ਕੇ ਅੱਜ ਪੇਸ਼ੀ ਤੇ ਹਾਜ਼ਰ ਨਾ ਹੋਣ ਬਾਰੇ ਸਪੱਸ਼ਟੀਕਰਣ ਵੀ ਪੇਸ਼ ਕੀਤਾ ਜਾਣਾ ਯਕੀਨੀ ਬਣਾਇਆ ਜਾਵੇ। ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 09-10-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 11 ਸਤੰਬਰ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਵਰਿੰਦਰ ਅਰੋੜਾ, (70090-57985)
ਮਕਾਨ ਨੰ:478, 11.60 ਏਕੜ ਕਲੋਨੀ,
ਅਰਬਨ ਐਸਟੇਟ, ਫੇਸ-1, ਪਟਿਆਲਾ। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ ,
ਦਫਤਰ, ਸਕੱਤਰ, ਰਿਜਨਲ ਟਰਾਂਸਪੋਰਟ ਅਥਾਰਟੀ,
ਪਟਿਆਲਾ।

ਪਹਿਲੀ ਅਪੀਲੀ ਅਥਾਰਟੀ ,
ਦਫਤਰ ਸਟੇਟ ਟਰਾਂਸਪੋਰਟ ਕਮਿਸ਼ਨਰ,
ਪੰਜਾਬ ,ਚੰਡੀਗੜ। -------ਉੱਤਰਦਾਤਾ

**ਅਪੀਲ ਕੇਸ ਨੰ:1930 ਆਫ 2018**

**ਹਾਜ਼ਰ:-**

1) ਅਪੀਲਕਰਤਾ ਵਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਜੀ.ਐਸ. ਕਾਹਲੋਂ ਅਤੇ ਸ਼੍ਰੀ ਤੇਜਿੰਦਰ ਸਿੰਘ, ਐਡਵੋਕੇਟ।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 10-11-2017, ਲੋਕ ਸੂਚਨਾ ਅਧਿਕਾਰੀ ਦਫਤਰ ਸਕੱਤਰ, ਰਿਜਨਲ ਟਰਾਂਸਪੋਰਟ ਅਥਾਰਟੀ, ਪਟਿਆਲਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਰਜਿਸਟਰੇਸ਼ਨ ਸੀਰੀਜ ਪੀ.ਬੀ.11-ਸੀ.ਜੇ. ਅਤੇ ਪੀ.ਬੀ.11-ਸੀ.ਐਫ. ਨਾਲ ਸਬੰਧਤ 02 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 06-05-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 28-05-2018 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 09-07-2018 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 30-07-2018 ਨੂੰ ਸਵੇਰੇ 11:00 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਸ ਵਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈਸੂਚਨਾਹੀ ਭੇਜੀ ਗਈ ਹੈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਜੀ.ਐਸ. ਕਾਹਲੋਂ ਅਤੇ ਸ਼੍ਰੀ ਤੇਜਿੰਦਰ ਸਿੰਘ, ਐਡਵੋਕੇਟ ਨੇ ਪੱਤਰ ਨੰ: 1930/ਆਰ.ਟੀ.ਆਈ./19-20, ਮਿਤੀ 16-08-2019 ਦੀ ਦਫ਼ਤਰੀ ਕਾਪੀ ਪੇਸ਼ ਕਰਦੇ ਹੋਏ ਕਿਹਾ ਕਿ ਅਪੀਲਕਰਤਾ ਵੱਲੋਂ ਮੰਗੀ ਗਈ ਸੂਚਨਾ ਮੁਹੱਈਆ ਕਰਵਾਈ ਜਾ ਚੁੱਕੀ ਹੈ। ਇਸ ਦੇ ਸਬੂਤ ਵਜੋਂ ਉਨ੍ਹਾਂ ਵੱਲੋਂ ਅਪੀਲਕਰਤਾ ਕੋਲੋਂ ਪ੍ਰਾਪਤ ਕੀਤੀ ਗਈ ਰਸੀਦ ਦੀ ਕਾਪੀ ਵੀ ਪੇਸ਼ ਕੀਤੀ ਗਈ ਹੈ ਜਿਸ ਅਨੁਸਾਰ ਅਪੀਲਕਰਤਾ ਵੱਲੋਂ ਮਿਤੀ 09-09-2019 ਨੂੰ ਇਹ ਲਿਖਤੀ ਬਿਆਨ ਦਿੱਤਾ ਹੋਇਆ ਹੈ ਕਿ ਉਸ ਨੇ ਮੰਗੀ ਗਈ ਸੂਚਨਾ ਸਬੰਧੀ ਰਿਕਾਰਡ ਦੀ ਇੰਸਪੈਕਸ਼ਨ ਕਰ ਲਈ ਹੈ ਅਤੇ ਉਸ ਦੀ ਤਸੱਲੀ ਹੋ ਗਈ ਹੈ।ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।

4. ਅਪੀਲਕਰਤਾ ਨੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਕੋਲੋਂ ਪ੍ਰਾਪਤ ਹੋਈ ਸੂਚਨਾ ਤੇ ਸੰਤੁਸ਼ਟੀ ਜ਼ਾਹਿਰ ਕੀਤੀ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ, 11 ਸਤੰਬਰ, 2019.**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਤੇਜਿੰਦਰ ਸਿੰਘ, (99410-04313)
ਵਾਸੀ ਭੋਲਾਪੁਰ, ਡਾਕਖਾਨਾ ਰਾਮਗੜ੍ਹ,
ਚੰਡੀਗੜ੍ਹਰੋਡ, ਲੁਧਿਆਣਾ-141123. ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਸਬ ਰਜਿਸਟਰਾਰ (ਪੱਛਮੀ),
ਲੁਧਿਆਣਾ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਉਪ ਮੰਡਲ ਮੈਜਿਸਟਰੇਟ (ਪੱਛਮੀ),
ਲੁਧਿਆਣਾ। -------ਉੱਤਰਦਾਤਾ

**ਅਪੀਲ ਕੇਸ ਨੰ:2713/2019**

**ਹਾਜ਼ਰ:-**

1) ਸ਼੍ਰੀ ਤੇਜਿੰਦਰ ਸਿੰਘ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਕੰਵਰ ਨਰਿੰਦਰ ਸਿੰਘ, ਸਬ ਰਜਿਸਟਰਾਰ (ਪੱਛਮੀ), ਲੁਧਿਆਣਾ (98727-06658)।

**ਹੁਕਮ:**

ਪਿਛਲੀ ਪੇਸ਼ੀ ਮਿਤੀ 19-08-2019 ਤੇ ਹਾਜ਼ਰ ਅਪੀਲਕਰਤਾ ਨੇ ਕਿਹਾ ਸੀ ਕਿ ਕਮਿਸ਼ਨ ਦੇ ਹੁਕਮ, ਮਿਤੀ 04-04-2018 ਅਨੁਸਾਰ ਉਸ ਨੂੰ ਮੁਆਵਜ਼ੇ ਵਜੋਂ 5000/-ਰੁਪਏ (ਕੇਵਲ ਪੰਜ ਹਜ਼ਾਰ ਰੁਪਏ) ਦੀ ਰਕਮ ਪ੍ਰਾਪਤ ਨਹੀਂ ਹੋਈ। ਉੱਤਰਦਾਤਾ ਵੱਲੋਂ ਕੋਈ ਵੀ ਹਾਜ਼ਰ ਨਹੀਂ ਹੋਇਆ ਸੀ ਅਤੇ ਨਾ ਹੀ ਉਨ੍ਹਾਂ ਵੱਲੋਂ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਸੀ ਜਿਸ ਦਾ ਕਮਿਸ਼ਨ ਨੇ ਗੰਭੀਰ ਨੋਟਿਸ ਲਿਆ ਸੀ ਪਰੰਤੂ ਅਦਾਲਤ ਦੀ ਕਾਰਵਾਈ ਖਤਮ ਹੋਣ ਤੋਂ ਬਾਅਦ ਉੱਤਰਦਾਤਾ, ਸ਼੍ਰੀ ਕੰਵਰ ਨਰਿੰਦਰ ਸਿੰਘ, ਸਬ-ਰਜਿਸਟਰਾਰ (ਪੱਛਮੀ)-ਕਮ-ਲੋਕ ਸੂਚਨਾ ਅਧਿਕਾਰੀ ਨੇ ਟੈਲੀਫੋਨ ਰਾਹੀਂ ਦੱਸਿਆ ਸੀ ਕਿ ਉਨ੍ਹਾਂ ਦੀ ਡਿਊਟੀ ਹੜ੍ਹਾਂ ਕਾਰਨ ਲੱਗੀ ਹੋਣ ਕਾਰਨ ਪੇਸ਼ੀ ਤੇ ਹਾਜ਼ਰ ਨਹੀਂ ਹੋ ਸਕੇ ਜਿਸ ਲਈ ਉਨ੍ਹਾਂ ਵੱਲੋਂ ਮੁਆਫ਼ੀ ਮੰਗੀ ਗਈ ਸੀ ਅਤੇ ਪੇਸ਼ੀ ਦੀ ਅਗਲੀ ਮਿਤੀ ਤੇ ਹਾਜ਼ਰ ਹੋਣ ਦਾ ਭਰੋਸਾ ਦਿੱਤਾ ਗਿਆ ਸੀ। ਉੱਤਰਦਾਤਾ ਨੂੰ ਆਪਣਾ ਪੱਖ ਪੇਸ਼ ਕਰਨ ਦਾ ਮੌਕਾ ਦਿੰਦੇ ਹੋਏ ਇਹ ਕੇਸ ਅਗਲੀ ਸੁਣਵਾਈ ਮਿਤੀ 11-09-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਜਾਂਦਾ ਹੈ।

2. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਕੰਵਰ ਨਰਿੰਦਰ ਸਿੰਘ, ਸਬ ਰਜਿਸਟਰਾਰ (ਪੱਛਮੀ), ਲੁਧਿਆਣਾ ਨੇ ਪੱਤਰ ਨੰ:190/ਸਰ(ਪ), ਮਿਤੀ 10-09-2019 ਜਿਸ ਦਾ ਇੱਕ ਉਤਾਰਾ ਅਪੀਲਕਰਤਾ ਨੂੰ ਵੀ ਪਿੱਠ-ਅੰਕਿਤ ਹੈ, ਪੇਸ਼ ਕਰਦੇ ਹੋਏ ਕਿਹਾ ਕਿ ਅਪੀਲਕਰਤਾ ਨੂੰ ਮੁਆਵਜ਼ੇ ਵਜੋਂ 5000/-ਰੁਪਏ (ਕੇਵਲ ਪੰਜ ਹਜ਼ਾਰ ਰੁਪਏ) ਦਾ ਬੈਂਕ ਡਰਾਫਟ ਨੰ:329343, ਮਿਤੀ 10-09-2019 ਦਸਤੀ ਦੇ ਦਿੱਤਾ ਗਿਆ ਹੈ। ਇਸ ਦੇ ਸਬੂਤ ਵਜੋਂ ਉਨ੍ਹਾਂ ਵੱਲੋਂ ਅਪੀਲਕਰਤਾ ਕੋਲੋਂ ਪ੍ਰਾਪਤ ਕੀਤੀ ਗਈ ਰਸੀਦ ਦੀ ਕਾਪੀ ਵੀ ਪੇਸ਼ ਕੀਤੀ ਗਈ ਹੈ ਜਿਸ ਅਨੁਸਾਰ ਅਪੀਲਕਰਤਾ ਵੱਲੋਂ ਮਿਤੀ 10-09-2019 ਨੂੰ ਬੈਂਕ ਡਰਾਫਟ ਪ੍ਰਾਪਤ ਕੀਤਾ ਹੋਇਆ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ। ਅਪੀਲਕਰਤਾ ਨੇ ਮੰਨਿਆ ਹੈ ਕਿ ਉਸ ਨੂੰ ਮੁਆਵਜ਼ੇ ਵਜੋਂ 5000/-ਰੁਪਏ (ਕੇਵਲ ਪੰਜ ਹਜ਼ਾਰ ਰੁਪਏ) ਦਾ ਬੈਂਕ ਡਰਾਫਟ ਮਿਲ ਗਿਆ ਹੈ।

3. ਅਪੀਲਕਰਤਾ ਨੂੰ ਮੁਆਵਜ਼ੇ ਵਜੋਂ 5000/-ਰੁਪਏ (ਕੇਵਲ ਪੰਜ ਹਜ਼ਾਰ ਰੁਪਏ) ਦਾ ਬੈਂਕ ਡਰਾਫਟ ਮਿਲ ਗਿਆ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ, 11 ਸਤੰਬਰ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਪ੍ਰੇਮ ਸਿੰਘ, (98152-91370)
ਪੁੱਤਰ ਸ਼੍ਰੀ ਤਰਲੋਕ ਸਿੰਘ,
ਪਿੰਡ ਜਲਾਲਪੁਰ, ਤਹਿਸੀਲ ਅਮਲੋਹ,
ਜ਼ਿਲ੍ਹਾ ਫਤਿਹਗੜ੍ਹ ਸਾਹਿਬ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਬਲਾਕ ਵਿਕਾਸ ਤੇ ਪੰਚਾਇਤ ਅਫਸਰ, ਅਮਲੋਹ,
ਜ਼ਿਲ੍ਹਾ ਫਤਿਹਗੜ੍ਹ ਸਾਹਿਬ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਬਲਾਕ ਵਿਕਾਸ ਤੇ ਪੰਚਾਇਤ ਅਫਸਰ, ਅਮਲੋਹ,
ਜ਼ਿਲ੍ਹਾ ਫਤਿਹਗੜ੍ਹ ਸਾਹਿਬ। ------ਉੱਤਰਦਾਤਾ

**ਅਪੀਲ ਕੇਸ ਨੰ: 2032 /2019**

**ਹਾਜ਼ਰ:-**

1) ਸ਼੍ਰੀ ਪ੍ਰੇਮ ਸਿੰਘ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਖੁਸ਼ਵਿੰਦਰ ਸਿੰਘ, ਪੰਚਾਇਤ ਸਕੱਤਰ (88724-00421) ਅਤੇ ਸ਼੍ਰੀ ਬਲਕਾਰ ਸਿੰਘ, ਸੁਪਰਡੰਟ (98150-20040)।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 30-01-2019, ਲੋਕ ਸੂਚਨਾ ਅਧਿਕਾਰੀ ਦਫਤਰ ਬਲਾਕ ਵਿਕਾਸ ਤੇ ਪੰਚਾਇਤ ਅਫਸਰ, ਅਮਲੋਹ, ਜ਼ਿਲ੍ਹਾ ਫਤਿਹਗੜ੍ਹ ਸਾਹਿਬ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਗਰਾਮ ਪੰਚਾਇ, ਪਿੰਡ ਜਲਾਲਪੁਰ, ਬਲਾਕ ਅਮਲੋਹ, ਜ਼ਿਲ੍ਹਾ ਫਤਿਹਗੜ੍ਹ ਸਾਹਿਬ ਦੀ ਸਾਬਕਾ ਸਰਪੰਚ, ਸ਼੍ਰੀਮਤੀ ਧਨਵੀਰ ਕੌਰ ਦੇ ਕਾਰਜ-ਕਾਲ ਨਾਲ ਸਬੰਧਤ 10 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 22-04-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 04-06-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 25-07-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 21-08-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵਾਂ ਧਿਰਾਂ ਨੂੰ ਸੁਣਿਆ ਗਿਆ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਖੁਸ਼ਵਿੰਦਰ ਸਿੰਘ, ਪੰਚਾਇਤ ਸਕੱਤਰ ਨੇ ਕਿਹਾ ਕਿ ਅਪੀਲਕਰਤਾ ਨੂੰ ਅਪੀਲਕਰਤਾ ਵੱਲੋਂ ਮੰਗੀ ਗਈ ਸੂਚਨਾ ਮੁਹੱਈਆ ਕਰਵਾਈ ਜਾ ਚੁੱਕੀ ਹੈ। ਅਪੀਲਕਰਤਾ ਨੇ ਮੰਨਿਆ ਕਿ ਉਸ ਨੂੰ ਸੂਚਨਾ ਮਿਲ ਗਈ ਹੈ ਅਤੇ ਉਹ ਪ੍ਰਾਪਤ ਸੂਚਨਾ ਤੋ ਸੰਤੁਸ਼ਟ ਹੈ।

3. ਅਪੀਲਕਰਤਾ ਨੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਕੋਲੋਂ ਪ੍ਰਾਪਤ ਹੋਈ ਸੂਚਨਾ ਤੇ ਸੰਤੁਸ਼ਟੀ ਜ਼ਾਹਿਰ ਕੀਤੀ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**ਨਿਧੱੜਕ ਸਿੰਘ ਬਰਾੜ)**

**ਮਿਤੀ: ਚੰਡੀਗੜ੍ਹ, 11 ਸਤੰਬਰ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਤੇਜਿੰਦਰ ਪਾਲ ਸਿੰਘ ਵਾਲੀਆ, (81466-16666)
ਪੁੱਤਰ ਸ਼੍ਰੀ ਸੁਰਜੀਤ ਸਿੰਘ ਵਾਲੀਆ,
ਕੋਠੀ ਨੰ:175 ਫੇਸ-2, ਮੁਹਾਲੀ ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਪੇਂਡੂ ਵਿਕਾਸ ਵਿਭਾਗ,
(ਦਫ਼ਤਰ ਸੰਯੁਕਤ ਵਿਕਾਸ ਕਮਿਸ਼ਨਰ, ਪੰਜਾਬ),
ਸੈਕਟਰ-62,ਮੁਹਾਲੀ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਪੇਂਡੂ ਵਿਕਾਸ ਵਿਭਾਗ,
(ਦਫ਼ਤਰ ਸੰਯੁਕਤ ਵਿਕਾਸ ਕਮਿਸ਼ਨਰ, ਪੰਜਾਬ),
ਸੈਕਟਰ-62, ਮੁਹਾਲੀ। ------ਉੱਤਰਦਾਤਾ

**ਅਪੀਲ ਕੇਸ ਨੰ: 2036 /2019**

**ਹਾਜ਼ਰ:-**

1) ਅਪੀਲਕਰਤਾ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਅਰਵਿੰਦਰਪਾਲ ਸਿੰਘ, ਨੋਡਲ ਅਫਸਰ (93166-10024)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 11-01-2019, ਲੋਕ ਸੂਚਨਾ ਅਧਿਕਾਰੀ ਦਫਤਰ ਪੇਂਡੂ ਵਿਕਾਸ ਵਿਭਾਗ,(ਦਫ਼ਤਰ ਸੰਯੁਕਤ ਵਿਕਾਸ ਕਮਿਸ਼ਨਰ, ਪੰਜਾਬ), ਮੁਹਾਲੀ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਮੈਨੇਜਰ ਦੀ ਆਸਾਮੀ ( ਐਚ.ਆਰ. ਅਤੇ ਪ੍ਰਕਿਓਰਮੈਂਟ) ਲਈ ਉਮੀਦਵਾਰਾਂ ਦੀ ਚੋਣ ਨਾਲ ਸਬੰਧਤ 06 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 27-02-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 06-04-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 25-07-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 21-08-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਪਿਛਲੀ ਪੇਸ਼ੀ, ਮਿਤੀ 21-08-2019 ਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਅਰਵਿੰਦਰਪਾਲ ਸਿੰਘ, ਨੋਡਲ ਅਫਸਰ ਨੇ ਕਿਹਾ ਸੀ ਕਿ ਉਨ੍ਹਾਂ ਵੱਲੋਂ ਪਹਿਲਾਂ ਹੀ ਅਪੀਲਕਰਤਾ ਨੂੰ ਮਿਤੀ 07-02-2019 ਅਤੇ 16-08-2019 ਨੂੰ ਦੋ ਵਾਰ ਸੂਚਨਾ ਭੇਜੀ ਜਾ ਚੁੱਕੀ ਹੈ। ਸੂਚਨਾ ਲੇਟ ਭੇਜਣ ਦਾ ਕਾਰਨ ਉਨ੍ਹਾਂ ਨੇ ਦਫ਼ਤਰ ਦੀ ਸ਼ਿਫਟਿਗ ਦੱਸਿਆ ਸੀ। ਉਨ੍ਹਾਂ ਵੱਲੋਂ ਇਸ ਬਾਰੇ ਆਪਣੇ ਪੱਤਰ ਨੰ:1196, ਮਿਤੀ 21-08-2019 ਰਾਹੀਂ ਵੀ ਕਮਿਸ਼ਨ ਨੂੰ ਸੂਚਿਤ ਕੀਤਾ ਹੋਇਆ ਸੀ। ਅਪੀਲਕਰਤਾ ਨੇ ਕਿਹਾ ਸੀ ਕਿ ਉਸ ਨੂੰ ਅਜੇ ਤੱਕ ਮੁਕੰਮਲ ਸੂਚਨਾ ਪ੍ਰਾਪਤ ਨਹੀਂ ਹੋਈ। ਅਪੀਲਕਰਤਾ ਨੂੰ ਹਦਾਇਤ ਕੀਤੀ ਗਈ ਸੀ ਕਿ ਜੇਕਰ ਉਸ ਨੂੰ ਪ੍ਰਾਪਤ ਹੋਈ ਸੂਚਨਾ ਵਿੱਚ ਕੋਈ ਤਰੁੱਟੀਆਂ ਪਾਈਆਂ ਜਾਣ ਤਾਂ ਉਨ੍ਹਾਂ ਬਾਰੇ ਲਿਖਤੀ ਰੂਪ ਵਿੱਚ ਸਿੱਧੇ ਤੌਰ ਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਸੂਚਿਤ ਕੀਤਾ ਜਾਵੇ ਤਾਂ ਜ਼ੋ ਉਨ੍ਹਾਂ ਦੀ ਪੂਰਤੀ ਕੀਤੀ ਜਾ ਸਕੇ। ਇਸ ਲਈ ਇਹ ਕੇਸ ਅਗਲੀ ਸੁਣਵਾਈ ਮਿਤੀ 11-09-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

3. ਅੱਜ ਪੇਸ਼ੀ ਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਅਰਵਿੰਦਰਪਾਲ ਸਿੰਘ, ਨੋਡਲ ਅਫਸਰ ਨੇ ਆਪਣਾ ਲਿਖਤੀ ਬਿਆਨ, ਮਿਤੀ 11-09-2019 ਪੇਸ਼ ਕਰਦੇ ਹੋਏ ਕਿਹਾ ਕਿ ਕਮਿਸ਼ਨ ਦੇ ਹੁਕਮ, ਮਿਤੀ 21-08-2019 ਅਨੁਸਾਰ ਅਪੀਲਕਰਤਾ ਵੱਲੋਂ ਸੂਚਨਾ ਵਿੱਚ ਪਾਈਆਂ ਗਈਆਂ ਕਿਸੇ ਕਿਸਮ ਦੀਆਂ ਤਰੱਟੀਆਂ ਬਾਰੇ ਉਨ੍ਹਾਂ ਨਾਲ

ਪਰਤੋ ਜੀ-----ਚਲਦਾ ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ:** 2036 /2019

ਕੋਈ ਸੰਪਰਕ ਨਹੀਂ ਕੀਤਾ ਗਿਆ। ਇਸ ਲਈ ਹਾਜ਼ਰ ਉੱਤਰਦਾਤਾ ਵੱਲੋਂ ਇਹ ਕੇਸ ਬੰਦ ਕਰਨ ਲਈ ਬੇਨਤੀ ਕੀਤੀ ਗਈ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।

4. ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਸ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ ਜਿਸ ਤੋਂ ਜ਼ਾਹਿਰ ਹੁੰਦਾ ਹੈ ਕਿ ਅਪੀਲਕਰਤਾ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਕੋਲੋਂ ਪ੍ਰਾਪਤ ਹੋਈ ਸੂਚਨਾ ਤੇ ਸੰਤੁਸ਼ਟ ਹੈ ਅਤੇ ਉਹ ਇਸ ਕੇਸ ਦੀ ਹੋਰ ਪੈਰਵਾਈ ਵਿੱਚ ਕੋਈ ਦਿਲਚਸਪੀ ਨਹੀਂ ਰੱਖਦਾ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ,** 11 **ਸਤੰਬਰ,** 2019.

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਰਾਜਵਿੰਦਰ ਸਿੰਘ, (8847492722)
ਪੁੱਤਰ ਸ਼੍ਰੀ ਕਰਨੈਲ ਸਿੰਘ,
ਵਾਸੀ ਪਿੰਡ ਕਰਮ ਪੱਟੀ, ਤਹਿਸੀਲ ਮਲੋਟ,
ਜ਼ਿਲਾ ਸ੍ਰੀ ਮੁਕਤਸਰ ਸਾਹਿਬ। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਡਾਇਰੈਕਟਰ, ਪੇਂਡੂ ਵਿਕਾਸ ਅਤੇ ਪੰਚਾਇਤ ਵਿਭਾਗ,
ਸੈਕਟਰ-62, ਮੁਹਾਲੀ।

ਪਹਿਲੀ ਅਪੀਲੀ ਅਥਾਰਟੀ-ਕਮ-
ਸਕੱਤਰ, ਪੇਂਡੂ ਵਿਕਾਸ ਅਤੇ ਪੰਚਾਇਤ ਵਿਭਾਗ, ਪੰਜਾਬ,
ਚੰਡੀਗੜ੍ਹ। -------ਉੱਤਰਦਾਤਾ

**ਅਪੀਲ ਕੇਸ ਨੰ: 2043 /2019**

**ਹਾਜ਼ਰ:-**

1) ਸ਼੍ਰੀ ਰਾਜਵਿੰਦਰ ਸਿੰਘ, ਅਪੀਲਕਰਤਾ।
2) ਉੱਤਰਦਾਤਾ ਵੱਲੋਂ ਕੋਈ ਵੀ ਨਹੀਂ।

**ਹਕਮ:**

ਪਿਛਲੀ ਪੇਸ਼ੀ, ਮਿਤੀ 21-08-2019 ਤੇ ਹਾਜ਼ਰ, ਅਪੀਲਕਰਤਾ ਨੇ ਕਿਹਾ ਸੀ ਕਿ ਉਸ ਨੂੰ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਉਸ ਨੇ ਸੂਚਨਾ ਮੁਹੱਈਆ ਕਰਾਉਣ ਲਈ ਬੇਨਤੀ ਕੀਤੀ ਸੀ। ਨੋਡਲ ਅਫਸਰ (ਆਰੀ.ਟੀ.ਆਈ.) ਵੱਲੋਂ ਆਪਣੇ ਪੱਤਰ ਮਿਤੀ 07-08-2019 ਰਾਹੀਂ ਲੋਕ ਸੂਚਨਾ ਅਧਿਕਾਰੀ-ਕਮ-ਕਾਨੂੰਨ ਅਫਸਰ (ਏ), ਇੰਚਾਰਜ ਸ਼ਿਕਾਇਤ ਸ਼ਾਖਾ, ਨੂੰ ਅਪੀਲਕਰਤਾ ਨੂੰ ਸੂਚਨਾ ਮੁਹੱਈਆ ਕਰਾਉਣ ਅਤੇ ਪੇਸ਼ੀ ਤੇ ਹਾਜ਼ਰ ਹੋਣ ਲਈ ਦਿੱਤੀਆਂ ਗਈਆਂ ਹਦਾਇਤਾਂ ਦੇ ਬਾਵਜੂਦ ਵੀ ਉਹ ਪੇਸ਼ੀ ਤੇ ਹਾਜ਼ਰ ਨਹੀਂ ਹੋਏ ਸੀ ਅਤੇ ਨਾ ਹੀ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਸੀ ਜਿਸ ਦਾ ਕਮਿਸ਼ਨ ਨੇ ਗੰਭੀਰ ਨੋਟਿਸ ਲਿਆ ਸੀ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਗਈ ਸੀ ਕਿ ਆਰ.ਟੀ.ਆਈ. ਐਕਟ 2005 ਤਹਿਤ ਬਣਦੀ ਸੂਚਨਾ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਅਪੀਲਕਰਤਾ ਨੂੰ ਮੁਹੱਈਆ ਕਰਵਾ ਕੇ ਅਗਲੀ ਪੇਸ਼ੀ ਤੇ ਨਿੱਜੀ ਤੌਰ ਤੇ ਹਾਜ਼ਰ ਹੋ ਕੇ ਪਿਛਲੀ ਪੇਸ਼ੀ ਤੇ ਹਾਜਰ਼ ਨਾ ਹੋਣ ਬਾਰੇ ਸਪੱਸ਼ਟੀਕਰਣ ਵੀ ਪੇਸ਼ ਕੀਤਾ ਜਾਵੇ।ਇਸ ਹਦਾਇਤ ਦੇ ਨਾਲ ਇਹ ਕੇਸ ਅਗਲੀ ਸੁਣਵਾਈ ਲਈ ਮਿਤੀ 11-09-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2 ਅੱਜ ਫਿਰ ਪੇਸ਼ੀ ਤੇ ਹਾਜ਼ਰ ਅਪੀਲਕਰਤਾ ਨੇ ਕਿਹਾ ਹੈ ਕਿ ਉਸ ਨੂੰ ਅਜੇ ਤੱਕ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਉਸ ਨੇ ਸੂਚਨਾ ਮੁਹੱਈਆ ਕਰਾਉਣ ਲਈ ਬੇਨਤੀ ਕੀਤੀ ਹੈ। ਉੱਤਰਦਾਤਾ ਵੱਲੋਂ ਅੱਜ ਫਿਰ ਪੇਸ਼ੀ ਤੇ ਕੋਈ ਵੀ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਮੁੜ ਸਖਤ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਆਰ.ਟੀ.ਆਈ. ਐਕਟ 2005 ਤਹਿਤ ਬਣਦੀ ਸੂਚਨਾ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਅਪੀਲਕਰਤਾ ਨੂੰ ਮੁਹੱਈਆ ਕਰਵਾ ਕੇ ਅਗਲੀ ਪੇਸ਼ੀ ਤੇ ਨਿੱਜੀ ਤੌਰ ਤੇ ਹਾਜ਼ਰ ਹੋ ਕੇ ਪਿਛਲੀਆਂ ਪੇਸ਼ੀਆਂ ਤੇ ਹਾਜਰ਼ ਨਾ ਹੋਣ ਬਾਰੇ ਸਪੱਸ਼ਟੀਕਰਣ ਵੀ ਪੇਸ਼ ਕੀਤਾ ਜਾਵੇ। ਅਜਿਹਾ ਨਾ ਕਰਨ ਦੀ ਸੂਰਤ ਵਿੱਚ ਉਨ੍ਹਾਂ ਵਿਰੁੱਧ ਆਰ.ਟੀ.ਆਈ. ਐਕਟ 2005 ਤਹਿਤ ਬਣਦੀ ਇਕਤਰਫਾ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ ਜਾਵੇਗੀ। ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 09-10-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**

**ਮਿਤੀ: ਚੰਡੀਗੜ੍ਹ, 11 ਸਤੰਬਰ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਭਾਰਤ ਭੂਸ਼ਨ ਸ਼ਰਮਾ, (98032-44555)
ਪੁੱਤਰ ਲੇਟ ਸ਼੍ਰੀ ਸੋਹਣ ਲਾਲ ਸ਼ਰਮਾ,
ਮਕਾਨ ਨੰ:435, ਸੈਕਟਰ -27,
ਪੰਚਕੂਲਾ-134116। --------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਸੀਨੀਅਰ ਕਪਤਾਨ, ਪੁਲਿਸ,
ਮੁਹਾਲੀ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਇੰਸਪੈਕਟਰ ਜਨਰਲ ਆਫ ਪੁਲਿਸ,
ਰੂਪਨਗਰ। --------ਉੱਤਰਦਾਤਾ

**ਅਪੀਲ ਕੇਸ ਨੰ:2066 /2019**

**ਹਾਜ਼ਰ:-**

1) ਸ਼੍ਰੀ ਭਾਰਤ ਭੂਸ਼ਨ ਸ਼ਰਮਾ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਸੁਰਜੀਤ ਸਿੰਘ, ਹੈੱਡ ਕੰਸਟੇਬਲ (98768-00485)।

**ਹਕਮ:**

ਪਿਛਲੀ ਪੇਸ਼ੀ, ਮਿਤੀ 21-08-2019 ਤੇ ਹਾਜ਼ਰ ਅਪੀਲਕਰਤਾ ਨੇ ਕਿਹਾ ਸੀ ਕਿ ਉਸ ਨੂੰ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਉਸ ਨੇ ਸੂਚਨਾ ਮੁਹੱਈਆ ਕਰਾਉਣ ਲਈ ਬੇਨਤੀ ਕੀਤੀ ਸੀ। ਉੱਤਰਦਾਤਾ ਵੱਲੋਂ ਹਾਜ਼ਰ ਸ਼੍ਰੀ ਹਰਮਿੰਦਰ ਸਿੰਘ, ਏ.ਐਸ.ਆਈ. ਨੇ ਜਵਾਬ ਪੇਸ਼ ਕੀਤਾ ਸੀ ਜ਼ੋ ਕਿ ਸਹੀ ਨਹੀਂ ਸੀ। ਵਿਸਥਾਰ-ਪੂਰਵਕ ਜਵਾਬ ਦੇਣ ਬਾਰੇ ਹਾਜ਼ਰ ਉੱਤਰਦਾਤਾ ਨੰ ਸਮਝਾ ਦਿੱਤਾ ਗਿਆ ਸੀ।ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਗਈ ਸੀ ਕਿ ਅਪੀਲਕਰਤਾ ਦੀ ਆਰ.ਟੀ.ਆਈ. ਅਰਜ਼ੀ ਤੇ ਸਮੇਂ-ਸਮੇਂ ਤੇ ਕੀਤੀ ਗਈ ਕਾਰਵਾਈ ਬਾਰੇ ਵਿਸਥਾਰ-ਪੂਰਵਕ ਮਿਤੀ-ਵਾਰ ਜਵਾਬ ਅਪੀਲਕਰਤਾ ਨੂੰ ਰਜਿਸਟਰਡ ਡਾਕ ਰਾਹੀ ਭੇਜਦੇ ਹੋਏ ਕਮਿਸ਼ਨ ਨੂੰ ਵੀ ਸੂਚਿਤ ਕੀਤਾ ਜਾਵੇ ਅਤੇ ਪੇਸ਼ੀ ਤੇ ਹਾਜ਼ਰੀ ਵੀ ਯਕੀਨੀ ਬਣਾਈ ਜਾਵੇ। ਇਸ ਹਦਾਇਤ ਦੇ ਨਾਲ ਇਹ ਕੇਸ ਅਗਲੀ ਸੁਣਵਾਈ ਲਈ ਮਿਤੀ 11-09-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2 ਅੱਜ ਫਿਰ ਪੇਸ਼ੀ ਤੇ ਹਾਜ਼ਰ ਅਪੀਲਕਰਤਾ ਨੇ ਕਿਹਾ ਹੈ ਕਿ ਉਸ ਨੂੰ ਅਜੇ ਤੱਕ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਉਸ ਨੇ ਸੂਚਨਾ ਮੁਹੱਈਆ ਕਰਾਉਣ ਲਈ ਬੇਨਤੀ ਕੀਤੀ ਹੈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋ ਹਾਜ਼ਰ ਸ਼੍ਰੀ ਸੁਰਜੀਤ ਸਿੰਘ, ਹੈੱਡ ਕੰਸਟੇਬਲ, ਨੇ ਅਪੀਲਕਰਤਾ ਨੂੰ ਜਲਦੀ ਸੂਚਨਾ ਮੁਹੱਈਆ ਕਰਾਉਣ ਦਾ ਭਰੋਸਾ ਦਿੰਦੇ ਹੋਏ ਕੁੱਝ ਸਮੇਂ ਦੀ ਮੰਗ ਕੀਤੀ ਹੈ। ਹਾਜ਼ਰ ਉੱਤਰਦਾਤਾ ਦੀ ਬੇਨਤੀ ਪ੍ਰਵਾਨ ਕਰਦੇ ਹੋਏ ਇਹ ਕੇਸ **ਅਗਲੀ ਸੁਣਵਾਈ ਮਿਤੀ 09-10-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 11 ਸਤੰਬਰ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਤਰਲੋਚਨ ਸਿੰਘ, (95305-29994)
ਪੁੱਤਰ ਸ਼੍ਰੀ ਹਰੀ ਸਿੰਘ,
ਪਿੰਡ ਤੂੰਗਾ ਡਾਕਖਾਨਾ ਕੁਲਾਰ ਖੁਰਦ,
ਤਹਿਸੀਲ ਤੇ ਜ਼ਿਲ੍ਹਾ, ਸੰਗਰੂਰ। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਬਲਾਕ ਵਿਕਾਸ ਤੇ ਪੰਚਾਇਤ ਅਫਸਰ, ਸੰਗਰੂਰ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਸੰਗਰੂਰ। -------ਉੱਤਰਦਾਤਾ

**ਅਪੀਲ ਕੇਸ ਨੰ: 2068/2019**

**ਹਾਜ਼ਰ:-**

1) ਸ਼੍ਰੀ ਤਰਲੋਚਨ ਸਿੰਘ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਸੁਖਬੀਰ ਸਿੰਘ, ਪੰਚਾਇਤ ਸਕੱਤਰ (62835-43230)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 17-01-2019, ਲੋਕ ਸੂਚਨਾ ਅਧਿਕਾਰੀ ਦਫਤਰ ਬਲਾਕ ਵਿਕਾਸ ਤੇ ਪੰਚਾਇਤ ਅਫਸਰ, ਸੰਗਰੂਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਮਿਤੀ 01-01-2016 ਤੋਂ ਲੈ ਕੇ 31-12-2018 ਤੱਕ ਪਿੰਡ ਤੂੰਗਾ ਦੀ ਪੰਚਾਇਤ ਨੂੰ ਮਿਲੀਆਂ ਗਰਾਂਟਾਂ ਅਤੇ ਉਨ੍ਹਾਂ ਦੀ ਵਰਤੋਂ ਨਾਲ ਸਬੰਧਤ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 18-03-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 10-06-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 25-07-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 21-08-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵਾਂ ਧਿਰਾਂ ਨੂੰ ਸੁਣਿਆ ਗਿਆ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸੁਖਬੀਰ ਸਿੰਘ, ਪੰਚਾਇਤ ਸਕੱਤਰ ਨੇ ਪੱਤਰ, ਮਿਤੀ 10-09-2019 ਪੇਸ਼ ਕਰਦੇ ਹੋਏ ਕਿਹਾ ਕਿ ਅਪੀਲਕਰਤਾ ਨੂੰ ਮਿਤੀ 10-09-2019 ਨੂੰ ਸੂਚਨਾ ਦਿੱਤੀ ਜਾ ਚੁੱਕੀ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ। ਅਪੀਲਕਰਤਾ ਨੇ ਆਪਣੇ ਪੱਤਰ, ਮਿਤੀ 11-09-2019 ਰਾਹੀਂ ਮੰਨਿਆ ਹੈ ਕਿ ਉਸ ਨੂੰ ਸੂਚਨਾ ਮਿਲ ਗਈ ਹੈ ਅਤੇ ਉਹ ਪ੍ਰਾਪਤ ਸੂਚਨਾ ਤੋਂ ਸੰਤੁਸ਼ਟ ਹੈ ਪਰੰਤੂ ਉਸ ਵੱਲੋਂ ਇਹ ਵੀ ਕਿਹਾ ਗਿਆ ਹੈ ਕਿ ਉਸ ਨੂੰ ਸੂਚਨਾ ਬਹੁਤ ਲੇਟ ਦਿੱਤੀ ਗਈ ਹੈ ਜਿਸ ਕਾਰਨ ਉਸ ਨੂੰ ਬਹੁਤ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪਿਆ ਹੈ। ਇਸ ਲਈ ਉਸ ਨੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵਿਰੁੱਧ ਕਾਰਵਾਈ ਕਰਨ ਲਈ ਵੀ ਬੇਨਤੀ ਕੀਤੀ ਹੈ। ਅਪੀਲਕਰਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੇ ਅਪੀਲਕਰਤਾ ਵੱਲੋਂ ਮੰਗੀ ਗਈ ਸੂਚਨਾ ਮੁਹੱਈਆ ਕਰ ਦਿੱਤੀ ਹੈ ਜਿਸ ਤੇ ਅਪੀਲਕਰਤਾ ਨੇ ਸੰਤੁਸ਼ਟੀ ਪ੍ਰਗਟਾਈ ਹੈ। ਦਫ਼ਤਰ ਰਿਕਾਰਡ ਨੂੰ ਘੋਖਣ ਤੇ ਇਹ ਵੀ ਪਾਇਆ ਗਿਆ ਹੈ ਕਿ ਅਪੀਲਕਰਤਾ ਵੱਲੋਂ ਮਿਤੀ 17-01-2019 ਨੂੰ ਆਰ.ਟੀ.ਆਈ. ਅਰਜ਼ੀ ਪੇਸ਼ ਕੀਤੀ ਗਈ ਸੀ ਅਤੇ ਉੱਤਰਦਾਤਾ ਵੱਲੋਂ ਮਿਤੀ 10-09-2019 ਨੂੰ ਸੂਚਨਾ ਮੁਹੱਈਆ ਕਰਵਾਈ ਗਈ ਹੈ ਜਦੋਂ ਕਿ ਆਰ.ਟੀ.ਆਈ. ਐਕਟ, 2005 ਤਹਿਤ 30 ਦਿਨਾਂ ਦੇ ਅੰਦਰ-ਅੰਦਰ ਅਪੀਲਕਰਤਾ ਨੂੰ ਸੂਚਨਾ ਮੁਹੱਈਆ ਕਰਾਉਣੀ ਬਣਦੀ ਸੀ। ਇਸ ਤੋਂ ਜ਼ਾਹਿਰ ਹੁੰਦਾ ਹੈ ਕਿ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਆਰ.ਟੀ.ਆਈ. ਐਕਟ, 2005 ਨਾਲ ਸਬੰਧਤ ਮਾਮਲਿਆਂ ਨੂੰ ਨਿਪਟਾਉਣ ਵੱਲ ਕੋਈ ਵਿਸ਼ੇਸ਼ ਧਿਆਨ ਨਹੀਂ ਦੇ ਰਹੇ। ਇਸ ਕਰਕੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਭਵਿੱਖ ਵਿੱਚ ਆਰ.ਟੀ.ਆਈ. ਐਕਟ, 2005 ਨਾਲ ਸਬੰਧਤ ਮਾਮਲਿਆਂ ਵੱਲ ਵਿਸ਼ੇਸ਼ ਧਿਆਨ ਦਿੰਦੇ ਹੋਏ ਨਿਰਧਾਰਿਤ ਸਮੇਂ ਅੰਦਰ ਨਿਪਟਾਉਣ ਲਈ ਸਖਤ ਤਾੜਨਾ ਕੀਤੀ ਜਾਂਦੀ ਹੈ।ਇਸੇ ਅਨੁਸਾਰ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**

**ਮਿਤੀ: ਚੰਡੀਗੜ੍ਹ, 11 ਸਤੰਬਰ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਆਸ਼ੂ ਮਿਤੱਲ, ਐਡਵੋਕੇਟ,
ਪੁੱਤਰ ਸ਼੍ਰੀ ਖਜ਼ਾਨਚੀ ਲਾਲ,
ਮਾਰਫਤ ਚੈਂਬਰ ਨੰ: 8 (ਪੁਰਾਣਾ),
ਜ਼ਿਲ੍ਹਾ ਅਦਾਲਤਾਂ, ਫਰੀਦਕੋਟ। -------ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ ,
ਦਫਤਰ ਰਜਿਸਟਰਾਰ ਮੈਡੀਕਲ ਸਿੱਖਿਆ ਭਵਨ, ਮੁਹਾਲੀ। -------ਉੱਤਰਦਾਤਾ

**ਸ਼ਿਕਾਇਤ ਕੇਸ ਨੰ:354/2019**

**ਹਾਜ਼ਰ:-** 1) ਸ਼ਿਕਾਇਤਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਕੁਲਦੀਪ ਕੁਮਾਰ, ਕਲਰਕ (94178-70357)।

**ਹਕਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇੱਕ ਬਿਨੈ ਪੱਤਰ ਮਿਤੀ 11-12-2018 ਨੂੰ ਲੋਕ ਸੂਚਨਾ ਅਧਿਕਾਰੀ, ਦਫਤਰ ਰਜਿਸਟਰਾਰ ਮੈਡੀਕਲ ਸਿੱਖਿਆ ਭਵਨ, ਮੁਹਾਲੀ ਨੂੰ ਪੇਸ਼ ਕੀਤਾ ਗਿਆ ਸੀ ਜਿਸ ਰਾਹੀਂ ਉਸ ਵੱਲੋਂ ਮਿਤੀ 19-09-2107 ਨੂੰ ਦਿੱਤੀ ਗਈ ਦਰਖਾਸਤ ਨੰ:51798480218 ਨਾਲ ਸਬੰਧਤ 05 ਨੁਕਤਿਆਂ ਬਾਰੇ ਸੂਚਨਾ ਮੰਗੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 05-4-2019 ਨੂੰ ਸ਼ਿਕਾਇਤਕਰਤਾ ਨੇ ਕਮਿਸ਼ਨ ਕੋਲ ਦੂਜੀ ਸ਼ਿਕਾਇਤ ਦਾਇਰ ਕੀਤੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 31-05-2018 ਨੂੰ ਨੋਟਿਸ ਜਾਰੀ ਕਰ ਕੇ ਇਹ ਕੇਸ ਪਹਿਲੀ ਸੁਣਵਾਈ, ਮਿਤੀ 08-07-2018 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਪਿਛਲੀ ਪੇਸ਼ੀ, ਮਿਤੀ 21-08-2019 ਤੇ ਸ਼ਿਕਾਇਤਕਰਤਾ ਵੱਲੋਂ ਕੋਈ ਵੀ ਹਾਜ਼ਰ ਨਹੀਂ ਹੋਇਆ ਸੀ ਅਤੇ ਨਾ ਹੀ ਉਸ ਵੱਲੋਂ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਸੀ।ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ, ਸ਼੍ਰੀ ਕੁਲਦੀਪ ਕੁਮਾਰ, ਕਲਰਕ ਨੇ ਕਿਹਾ ਸੀ ਕਿ ਸ਼ਿਕਾਇਤਕਰਤਾ ਨੂੰ ਸੂਚਨਾ ਭੇਜ਼ ਦਿੱਤੀ ਗਈ ਹੈ। ਉਨ੍ਹਾਂ ਵੱਲੋਂ ਇਸ ਬਾਰੇ ਆਪਣੇ ਪੱਤਰ ਨੰ:ਪੀ.ਐਨ.ਆਰ.ਸੀ/ 2019/180, ਮਿਤੀ 06-08-2019 ਰਾਹੀਂ ਵੀ ਕਮਿਸ਼ਨ ਨੂੰ ਸੂਚਿਤ ਕੀਤਾ ਹੋਇਆ ਸੀ। ਸ਼ਿਕਾਇਤਕਰਤਾ ਨੂੰ ਹਦਾਇਤ ਕੀਤੀ ਗਈ ਸੀ ਕਿ ਜੇਕਰ ਉਸ ਨੂੰ ਪ੍ਰਾਪਤ ਹੋਈ ਸੂਚਨਾ ਵਿੱਚ ਕੋਈ ਤਰੁੱਟੀਆਂ ਪਾਈਆਂ ਜਾਣ ਤਾਂ ਉਨ੍ਹਾਂ ਬਾਰੇ ਲਿਖਤੀ ਰੂਪ ਵਿੱਚ ਸਿੱਧੇ ਤੌਰ ਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਸੂਚਿਤ ਕੀਤਾ ਜਾਵੇ ਤਾਂ ਜ਼ੋ ਉਨ੍ਹਾਂ ਦੀ ਪੂਰਤੀ ਕੀਤੀ ਜਾ ਸਕੇ। ਇਸ ਲਈ ਇਹ ਕੇਸ ਅਗਲੀ ਸੁਣਵਾਈ ਮਿਤੀ 11-09-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

3. ਅੱਜ ਫਿਰ ਪੇਸ਼ੀ ਤੇ ਸ਼ਿਕਾਇਤਕਰਤਾ ਵੱਲੋਂ ਕੋਈ ਵੀ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਸ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ, ਸ਼੍ਰੀ ਕੁਲਦੀਪ ਕੁਮਾਰ, ਕਲਰਕ ਨੇ ਆਪਣੇ ਲਿਖਤੀ ਬਿਆਨ, ਮਿਤੀ 11-09-2019 ਰਾਹੀਂ ਦੱਸਿਆ ਹੈ ਕਿ ਸ਼ਿਕਾਇਤਕਰਤਾ ਵੱਲੋਂ ਉਸ ਨੂੰ ਭੇਜੀ ਗਈ ਸੂਚਨਾ ਵਿੱਚ ਪਾਈ ਗਈ ਕਿਸੇ ਵੀ ਤਰੱਟੀ ਬਾਰੇ ਉਨ੍ਹਾਂ ਨੂੰ ਸੂਚਿਤ ਨਹੀਂ ਕੀਤਾ ਗਿਆ। ਇਸ ਲਈ ਹਾਜ਼ਰ ਉੱਤਰਦਾਤਾ ਵੱਲੋਂ ਇਹ ਕੇਸ ਦਾਖਲ ਦਫ਼ਤਰ ਕਰਨ ਲਈ ਬੇਨਤੀ ਕੀਤੀ ਗਈ ਹੈ।ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਬਿਆਨ ਮਿਸਲ ਤੇ ਰੱਖ ਲਿਆ ਗਿਆ ਹੈ।

4. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼ਿਕਾਇਤਕਰਤਾ ਨੂੰ ਸੂਚਨਾ ਮੁਹੱਈਆ ਕੀਤੀ ਜਾ ਚੁੱਕੀ ਹੈ। ਸ਼ਿਕਾਇਤਕਰਤਾ ਅੱਜ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਸ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ ਜਿਸ ਤੋਂ ਜ਼ਾਹਿਰ ਹੁੰਦਾ ਹੈ ਕਿ ਸ਼ਿਕਾਇਤਕਰਤਾ, ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਕੋਲੋਂ ਪ੍ਰਾਪਤ ਹੋਈ ਸੂਚਨਾ ਤੋਂ ਸੰਤੁਸ਼ਟ ਹੈ ਅਤੇ ਉਹ ਇਸ ਕੇਸ ਦੀ ਹੋਰ ਪੈਰਵਾਈ ਵਿੱਚ ਕੋਈ ਦਿਲਚਸਪੀ ਨਹੀਂ ਰੱਖਦਾ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਸ਼ਿਕਾਇਤਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਸ਼ਿਕਾਇਤ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**

**ਮਿਤੀ: ਚੰਡੀਗੜ੍ਹ, 11 ਸਤੰਬਰ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਗੁਰਮੀਤ ਸਿੰਘ,
ਮਕਾਨ ਨੰ:ਐਫ-20/337, ਨਹਿਰੂ ਕਲੋਨੀ,
ਡਾਕਖਾਨਾ ਵਿਜੈ ਨਗਰ, ਮਜੀਠਾ ਰੋਡ, ਅੰਮ੍ਰਿਤਸਰ। --------ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ, ਦਫਤਰ
ਡਾਇਰੈਕਟਰ ਜਨਰਲ, ਪੁਲਿਸ,ਪੰਜਾਬ,
ਚੰਡੀਗੜ੍ਹ। ------- ਉੱਤਰਦਾਤਾ

**ਸ਼ਿਕਾਇਤ ਕੇਸ ਨੰ:582/2019**

**ਹਾਜ਼ਰ:-**

1) ਸਿ਼ਕਾਇਤਕਰਤਾ ਵੱਲੋਂ ਉਸ ਦੇ ਪਿਤਾ, ਸ਼੍ਰੀ ਗੁਰਦੀਪ ਸਿੰਘ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਰਵਿੰਦਰ ਸਿੰਘ, ਏ.ਐਸ.ਆਈ. (94638-44325) ਦਫ਼ਤਰ ਡੀ.ਜੀ.ਪੰਜਾਬ, ਸ਼੍ਰੀ ਸ਼ਰਵਨ ਸਿੰਘ, ਐਸ.ਆਈ.(97793-03800) ਅਤੇ ਸ਼੍ਰੀ ਸੱਤਪਾਲ ਸਿੰਘ, ਏ.ਐਸ.ਆਈ. (88729-00970) ਦਫਤਰ ਡੀ.ਸੀ.ਪੀ., ਅੰਮ੍ਰਿਤਸਰ।

**ਹੁਕਮ:**

ਸਿ਼ਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 08-03-2018, ਲੋਕ ਸੂਚਨਾ ਅਧਿਕਾਰੀ ਦਫਤਰ ਸਕੱਤਰ, ਗ੍ਰਹਿ ਵਿਭਾਗ, ਪੰਜਾਬ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਸਿ਼ਕਾਇਤ ਨੰ:1740, ਮਿਤੀ 27-06-2017 ਅਤੇ ਨੰ:62, ਮਿਤੀ 12-05-2017 ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਸਿ਼ਕਾਇਤਕਰਤਾ ਵੱਲੋਂ ਮੰਗੀ ਗਈ ਸੁਚਨਾ ਦਾ ਸਬੰਧ ਡਾਇਰੈਕਟਰ ਜਨਰਲ, ਪੁਲਿਸ,ਪੰਜਾਬ, ਚੰਡੀਗੜ੍ਹ ਨਾਲ ਹੋਣ ਕਾਰਨ ਲੋਕ ਸੂਚਨਾ ਅਧਿਕਾਰੀ ਦਫਤਰ ਸਕੱਤਰ, ਗ੍ਰਹਿ ਵਿਭਾਗ, ਪੰਜਾਬ ਵੱਲੋਂ ਆਪਣੇ ਪੱਤਰ ਨੰ:6/33/2018-3ਗ4/2504-2505, ਮਿਤੀ 18-05-2018 ਰਾਹੀਂ ਸਿ਼ਕਾਇਤਕਰਤਾ ਦੀ ਆਰੀ.ਟੀ.ਆਈ. ਅਰਜ਼ੀ ਲੋਕ ਸੂਚਨਾ ਅਧਿਕਾਰੀ ਦਫ਼ਤਰ ਡਾਇਰੈਕਟਰ ਜਨਰਲ, ਪੁਲਿਸ,ਪੰਜਾਬ, ਚੰਡੀਗੜ੍ਹ ਨੂੰ ਆਰ.ਟੀ.ਆਈ. ਐਕਟ, 2005 ਦੀ ਧਾਰਾ 6(3) ਤਹਿਤ ਤਬਦੀਲ ਕਰ ਦਿੱਤੀ ਗਈ ਸੀ। ਸਬੰਧਤ ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 25-06-2019 ਨੂੰ ਕਮਿਸ਼ਨ ਕੋਲ ਸਿ਼ਕਾਇਤ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 16-08-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 11-09-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਦੋਵਾਂ ਧਿਰਾਂ ਨੂੰ ਸੁਣਿਆ ਗਿਆ। ਸਿ਼ਕਾਇਤਕਰਤਾ ਨੇ ਕਿਹਾ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ , ਸ੍ਰੀ ਰਵਿੰਦਰ ਸਿੰਘ, ਏ.ਐਸ.ਆਈ. ਦਫ਼ਤਰ ਡੀ.ਜੀ.ਪੰਜਾਬ, ਵੱਲੋਂ ਕਿਹਾ ਗਿਆ ਕਿ ਉਨ੍ਹਾਂ ਵਲੋਂ ਪੁਲਿਸ ਕਮਿਸ਼ਨਰੇਟ, ਅੰਮਿਤਸਰ (ਸ਼ਹਿਰੀ ) ਨੂੰ ਹਦਾਇਤ ਕੀਤੀ ਗਈ ਹੈ ਕਿ ਸਿ਼ਕਾਇਤਕਰਤਾ ਵੱਲੋਂ ਮੰਗੀ ਗਈ ਸੂਚਨਾ ਮੁਹੱਈਆ ਕਰਵਾਈ ਜਾਵੇ। ਸ਼੍ਰੀ ਸ਼ਰਵਨ ਸਿੰਘ, ਐਸ.ਆਈ. ਅਤੇ ਸ਼੍ਰੀ ਸੱਤਪਾਲ ਸਿੰਘ, ਏ.ਐਸ.ਆਈ. ਦਫਤਰ ਡੀ.ਸੀ.ਪੀ., ਅੰਮ੍ਰਿਤਸਰ ਨੇ ਸਿ਼ਕਾਇਤਕਰਤਾ ਨੂੰ ਸੂਚਨਾ ਮੁਹੱਈਆ ਕਰਾਉਣ ਦਾ ਭਰੋਸਾ ਦਿੱਤਾ ਗਿਆ। ਹਾਜ਼ਰ ਉੱਤਰਦਾਤਾ ਨੂੰ ਆਰ.ਟੀ.ਆਈ. ਦਾ ਜਵਾਬ ਦੇਣ ਬਾਰੇ ਸਮਝਾ ਦਿੱਤਾ ਗਿਆ ਹੈ।ਇਸ ਲਈ ਉੱਤਰਦਾਤਾ ਲੋਕ ਸੂਚਨਾ ਅਧਿਕਾਰੀ) ਦਫ਼ਤਰ ਡਿਪਟੀ ਕਮਿਸ਼ਨਰ, ਪੁਲਿਸ, ਅੰਮ੍ਰਿਤਸਰ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਸਿ਼ਕਾਇਤਕਰਤਾ ਦੀ

ਪਰਤੋ ਜੀ----ਚਲਦਾ ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਸ਼ਿਕਾਇਤ ਕੇਸ ਨੰ:582/2019**

ਆਰ.ਟੀ.ਆਈ. ਅਰਜ਼ੀ ਪ੍ਰਾਪਤ ਹੋਣ ਉਪਰੰਤ ਕੀਤੀ ਗਈ ਕਾਰਵਾਈ ਬਾਰੇ ਮਿਤੀ-ਵਾਰ, ਵਿਸਥਾਰ-ਪੂਰਵਕ ਸੂਚਨਾ ਰਜਿਸਟਰਡ ਡਾਕ ਰਾਹੀਂ ਸ਼ਿਕਾਇਤਕਰਤਾ ਨੂੰ ਭੇਜ ਕੇ ਕਮਿਸ਼ਨ ਨੂੰ ਸੂਚਿਤ ਕੀਤਾ ਜਾਵੇ ਅਤੇ ਪੇਸ਼ੀ ਤੇ ਹਾਜ਼ਰੀ ਯਕੀਨੀ ਬਣਾਈ ਜਾਵੇ। ਇਸ ਹਦਾਇਤ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ** 09-10-2019 **ਨੂੰ ਸਵੇਰੇ** 11-30 **ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ,**11 **ਸਤੰਬਰ,** 2019. । **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਕਾਪੀ:-**

ਲੋਕ ਸੂਚਨਾ ਅਧਿਕਾਰੀ,
ਦਫਤਰ ਡਿਪਟੀ ਕਮਿਸ਼ਨਰ, ਪੁਲਿਸ, ਅੰਮ੍ਰਿਤਸਰ